ਰਾਗੁ ਸੋਰਠਿ ॥ ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥ ਹਉ ਮਾਂਗਉ ਸੰਤਨ ਰੇਨਾ ॥ ਮੈ ਨਾਹੀ ਕਿਸੀ ਕਾ ਦੇਨਾ ॥੧॥ ਮਾਧੋ ਕੈਸੀ ਬਨੈ ਤੁਮ ਸੰਗੇ ॥ ਆਪਿ ਨ ਦੇਹੁ ਤ ਲੇਵਉ ਮੰਗੇ ॥ ਰਹਾਉ ॥ ਦੁਇ ਸੇਰ ਮਾਂਗਉ ਚੂਨਾ ॥ ਪਾਉ ਘੀਉ ਸੰਗਿ ਲੂਨਾ ॥ ਅਧ ਸੇਰੁ ਮਾਂਗਉ ਦਾਲੇ ॥ ਮੋ ਕਉ ਦੋਨਉ ਵਖਤ ਜਿਵਾਲੇ ॥੨॥ ਖਾਟ ਮਾਂਗਉ ਚਉਪਾਈ ॥ ਸਿਰਹਾਨਾ ਅਵਰ ਤੁਲਾਈ ॥ ਊਪਰ ਕਉ ਮਾਂਗਉ ਖੀਂਧਾ ॥ ਤੇਰੀ ਭਗਤਿ ਕਰੈ ਜਨੁ ਥੀ ਧਾ ॥੩॥ ਮੈ ਨਾਹੀ ਕੀਤਾ ਲਬੋ ॥ ਇਕੁ ਨਾਉ ਤੇਰਾ ਮੈ ਫਬੋ ॥ ਕਹਿ ਕਬੀਰ ਮਨੁ ਮਾਨਿਆ ॥ ਮਨੁ ਮਾਨਿਆ ਤਉ ਹਰਿ ਜਾਨਿਆ ॥੪॥੧੧॥ {ਪੰਨਾ 656}

ਪਦਅਰਥ:- ਭੁਖ—ਰੋਜ਼ੀ ਮਾਇਆ ਆਦਿਕ ਦੀ ਤਾਂਘ। ਭੂਖਾ—ਰੋਜ਼ੀ ਮਾਇਆ ਆਦਿਕ ਦੀ ਤ੍ਰਿਸ਼ਨਾ ਦੇ ਅਧੀਨ। ਭੂਖੇ—ਰੋਜ਼ੀ ਮਾਇਆ ਆਦਿਕ ਦੀ ਤ੍ਰਿਸ਼ਨਾ ਦੇ ਅਧੀਨ ਰਿਹਾਂ। ਨ ਕੀਜੈ—ਨਹੀਂ ਕੀਤੀ ਜਾ ਸਕਦੀ। ਯਹ—ਇਹ। ਲੀਜੈ—ਕਿਰਪਾ ਕਰ ਕੇ ਲੈ ਲਉ। ਯਹ.........ਲੀਜੈ—ਹੇ ਪ੍ਰਭੂ! ਇਹ ਆਪਣੀ ਮਾਲਾ ਮੈਥੋਂ ਲੈ ਲਉ।

ਸੋ, "ਯਹ ਮਾਲਾ ਅਪਨੀ ਲੀਜੈ" ਦਾ ਅਰਥ ਹੈ ਕਿ ਮੈਨੂੰ ਇਹ ਉਪਰੋਂ-ਦਿੱਸਦਾ ਧਾਰਮਿਕ ਕੰਮ ਪਸੰਦ ਨਹੀਂ ਹੈ। "ਭੂਖੇ.........ਲੀਜੈ"—ਜੇ ਮਨੁੱਖ ਦੀ ਰੋਟੀ ਵਲੋਂ ਹੀ ਤ੍ਰਿਸ਼ਨਾ ਨਹੀਂ ਮੁੱਕੀ ਤਾਂ ਉਹ ਪ੍ਰਭੂ ਦੀ ਭਗਤੀ ਨਹੀਂ ਕਰ ਸਕਦਾ, ਇਹ ਭਗਤੀ ਵਿਖਾਵੇ ਦੀ ਹੀ ਰਹਿ ਜਾਂਦੀ ਹੈ, ਤੇ ਇਹ ਮੈਨੂੰ ਪਸੰਦ ਨਹੀਂ। ਹਉ—ਮੈਂ। ਰੇਨਾ—ਚਰਨ-ਧੂੜ। ਕਿਸੀ ਕਾ ਦੇਨਾ—ਕਿਸੇ ਦੀ ਮੁਥਾਜੀ, ਕਿਸੇ ਦੇ ਦਬਾਉ ਹੇਠ ਹੋਣਾ।1।

ਕੈਸੀ ਬਨੈ—ਕਿਵੇਂ ਨਿਭ ਸਕਦੀ ਹੈ? ਤੁਮ ਸੰਗੇ—ਤੈਥੋਂ ਸੰਗਿਆਂ, ਤੈਥੋਂ ਸ਼ਰਮ ਕੀਤਿਆਂ। ਲੇਵਉ ਮੰਗੇ—ਮੈਂ ਮੰਗ ਕੇ ਲੈ ਲਵਾਂਗਾ। ਰਹਾਉ।

ਚੂਨਾ—ਆਟਾ। ਜਿਵਾਲੇ—ਜੀਊਂਦਿਆਂ ਰੱਖੇ।2।

ਖਾਟ—ਮੰਜੀ। ਚਉਪਾਈ—ਚਾਰ ਪਾਵਿਆਂ ਵਾਲੀ, ਸਾਬਤ। ਖੀਂਧਾ—ਰਜ਼ਾਈ। ਥੀਧਾ—ਥਿੰਧਾ, ਪ੍ਰੇਮ ਵਿਚ ਰਸ ਕੇ।3।

ਲਬੋ—ਲਾਲਚ। ਮੈ ਫਬੋ—ਮੈਨੂੰ ਪਸੰਦ ਹੈ। ਜਾਨਿਆ—ਸਾਂਝ ਪਾ ਲਈ ਹੈ।4।

ਅਰਥ:- ਹੇ ਪ੍ਰਭੂ! ਤੈਥੋਂ ਸ਼ਰਮ ਕੀਤਿਆਂ ਨਹੀਂ ਨਿਭ ਸਕਣੀ; ਸੋ, ਜੇ ਤੂੰ ਆਪ ਨਾਹ ਦੇਵੇਂਗਾ, ਤਾਂ ਮੈਂ ਹੀ ਮੰਗ ਕੇ ਲੈ ਲਵਾਂਗਾ। ਰਹਾਉ।

ਜੇ ਮਨੁੱਖ ਦੀ ਰੋਟੀ ਵਲੋਂ ਹੀ ਤ੍ਰਿਸ਼ਨਾ ਨਹੀਂ ਮੁੱਕੀ, ਤਾਂ ਉਹ ਪ੍ਰਭੂ ਦੀ ਭਗਤੀ ਨਹੀਂ ਕਰ ਸਕਦਾ, ਫਿਰ ਉਹ ਭਗਤੀ ਵਿਖਾਵੇ ਦੀ ਹੀ ਰਹਿ ਜਾਂਦੀ ਹੈ। (ਪ੍ਰਭੂ! ਇੱਕ ਤਾਂ ਮੈਨੂੰ ਰੋਟੀ ਵਲੋਂ ਬੇ-ਫ਼ਿਕਰ ਕਰ, ਦੂਜੇ) ਮੈਂ ਸੰਤਾਂ ਦੀ ਚਰਨ-ਧੂੜ ਮੰਗਦਾ ਹਾਂ, ਤਾਕਿ ਮੈਂ ਕਿਸੇ ਦਾ ਮੁਥਾਜ ਨਾਹ ਹੋਵਾਂ।1।

ਮੈਨੂੰ ਦੋ ਸੇਰ ਆਟੇ ਦੀ ਲੋੜ ਹੈ, ਇਕ ਪਾਉ ਘਿਉ ਤੇ ਕੁਝ ਲੂਣ ਚਾਹੀਦਾ ਹੈ, ਮੈਂ ਤੈਥੋਂ ਅੱਧ ਸੇਰ ਦਾਲ ਮੰਗਦਾ ਹਾਂ—ਇਹ ਚੀਜ਼ਾ ਮੇਰੇ ਦੋਹਾਂ ਵੇਲਿਆਂ ਦੀ ਗੁਜ਼ਰਾਨ ਲਈ ਕਾਫ਼ੀ ਹਨ।2।

ਸਾਬਤ ਮੰਜੀ ਮੰਗਦਾ ਹਾਂ, ਸਿਰਾਣਾ ਤੇ ਤੁਲਾਈ ਭੀ। ਉਪਰ ਲੈਣ ਲਈ ਰਜ਼ਾਈ ਦੀ ਲੋੜ ਹੈ—ਬੱਸ! ਫਿਰ ਤੇਰਾ ਭਗਤ (ਸਰੀਰਕ ਲੋੜਾਂ ਵਲੋਂ ਬੇ-ਫ਼ਿਕਰ ਹੋ ਕੇ) ਤੇਰੇ ਪ੍ਰੇਮ ਵਿਚ ਭਿੱਜ ਕੇ ਤੇਰੀ ਭਗਤੀ ਕਰੇਗਾ।3।

ਕਬੀਰ ਆਖਦਾ ਹੈ—ਹੇ ਪ੍ਰਭੂ! ਮੈਂ (ਮੰਗਣ ਵਿਚ) ਕੋਈ ਲਾਲਚ ਨਹੀਂ ਕੀਤਾ, ਕਿਉਂਕਿ (ਉਹ ਚੀਜ਼ਾਂ ਤਾਂ ਸਰੀਰਕ ਨਿਰਬਾਹ-ਮਾਤ੍ਰ ਹਨ) ਅਸਲ ਵਿਚ ਤਾਂ ਮੈਨੂੰ ਤੇਰਾ ਨਾਮ ਹੀ ਪਿਆਰਾ ਹੈ। ਮੇਰਾ ਮਨ (ਤੇਰੇ ਨਾਮ ਵਿਚ) ਪਰਚਿਆ ਹੋਇਆ ਹੈ, ਤੇ ਜਦੋਂ ਦਾ ਪਰਚਿਆ ਹੈ ਤਦੋਂ ਤੋਂ ਤੇਰੇ ਨਾਲ ਮੇਰੀ (ਡੂੰਘੀ) ਜਾਣ-ਪਛਾਣ ਹੋ ਗਈ ਹੈ।4।11।

ਸ਼ਬਦ ਦਾ ਭਾਵ:- ਜਦ ਤਕ ਮਨੁੱਖ ਦਾ ਮਨ ਤ੍ਰਿਸ਼ਨਾ ਦੇ ਅਧੀਨ ਹੈ, ਪਰਮਾਤਮਾ ਦੀ ਭਗਤੀ ਨਹੀਂ ਕੀਤੀ ਜਾ

ਸਕਦੀ। ਤ੍ਰਿਸ਼ਨਾ ਤੇ ਭਗਤੀ ਦਾ ਕਦੇ ਜੋੜ ਨਹੀਂ ਹੋ ਸਕਦਾ।